# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 14-11-2024**

- ਡੋਮਿਨਿਕ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਆਪਣਾ ਸਰ੍ਵਉਚ ਰਾਸ਼ਟਰੀ ਸਨਮਾਨ ਪ੍ਰਦਾਨ ਕਰਣ ਦਾ ਕੀਤਾ ਐਲਾਨ.
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਪੰਜਾਬ ਵਿਧਾਨ ਸਭਾ ਦੀਆਂ ਚਾਰ ਸੀਟਾਂ ਦੀ ਜ਼ਿਮਨੀ ਚੋਣ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅੱਜ ਕੁਝ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ- ਤੇ ਹੋਰ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ।
- ਹਵਾ ਦੀ ਗੁਣਵਤਾ ਦੇ ਪ੍ਰਬੰਧ ਬਾਰੇ ਕਮਿਸ਼ਨ ਦੇ CHAIRMAN, ਰਾਜੇਸ਼ ਵਰਮਾ ਨੇ ਪੰਜਾਬ ਦੇ ਸੰਬੰਧਿਤ ਅਧਿਕਾਰੀਆਂ ਨੂੰ ਸੂਬੇ ‘ਚ ਪਰਾਲੀ ਸਾੜ੍ਹਨ ਤੋਂ ਰੋਕਣ ਦੇ ਯਤਨ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਨੇ.
- ਪੰਜਾਬ ਦੀਆਂ ਮੰਡੀਆਂ ਵਿੱਚੋਂ 74 ਫੀਸਦੀ ਝੋਨੇ ਦੀ ਹੋਈ ਲਿਫਟਿੰਗ. ਸਰਕਾਰੀ ਏਜੰਸੀਆਂ ਵੱਲੋਂ 146  ਲੱਖ ਮੀਟ੍ਰਿਕ ਟਨ ਤੋਂ ਵਧ ਝੋਨੇ ਦੀ ਖਰੀਦ ਕੀਤੀ ਗਈ ਏ।

- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਸੰਬੰਧ ‘ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਨਨਕਾਣਾ ਸਾਹਿਬ ਵਿਖੇ ਪ੍ਰਕਾਸ਼ ਗੁਰਪੁਰਬ ਮਨਾਉਣ ਲਈ ਸ਼ਰਧਾਲੂਆਂ ਦਾ ਜਥਾ ਰਵਾਨਾ.

----------------------------------------------------

ਡੋਮਿਨਿਕਾ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਆਪਣਾ ਸਰਬਉਚ ਰਾਸ਼ਟਰੀ ਸਨਮਾਨ ਪ੍ਰਦਾਨ ਕਰਨ ਦਾ ਐਲਾਨ ਕੀਤਾ ਏ . ਪ੍ਰਧਾਨ ਮੰਤਰੀ ਨੂੰ ਕੋਵਿਡ – 19 ਮਹਾਮਾਰੀ ਦੌਰਾਨ ਦੋਮਿਨਿਕਾ ਲਈ ਪਾਏ ਯੋਗਦਾਨ ਅਤੇ ਭਾਰਤ ਤੇ ਦੋਮਿਨਿਕਾ ਦਰਮਿਆਨ ਸਾਂਝੇਦਾਰੀ ਨੂੰ ਮਜ਼ਬੂਤ ਕਰਨ ਲਈ ਓਹਨਾਂ ਦੇ ਸਮਰਪਣ ਲਈ ਡੋਮਿਨਿਕਾ ਅਵਾਰਡ ਆਫ ਆਨਰ ਪ੍ਰਦਾਨ ਕੀਤਾ ਜਾਏਗਾ. ਡੋਮਿਨਿਕਾ ਦੇ ਰਾਸ਼ਟਰਪਤੀ ਸਿਲਵੇਨੀ ਬਰਟਨ ਇਸ ਮਹੀਨੇ ਦੀ 19 ਤੋਂ 21 ਤਰੀਕ ਤਲ ਗੁਏਨਾ ਦੇ GEORGE TOWN ਵਿਚ ਹੋਣ ਵਾਲੇ ਆਉਂਦੇ ਇੰਡੀਆਂ – ਕੈਰੀਕਾਮ ਸੰਮੇਲਨ ਦੌਰਾਨ ਇਹ award ਪ੍ਰਦਾਨ ਕਰਨਗੇ.

ਡੋਮਿਨਿਕਾ ਦੇ ਪ੍ਰਧਾਨ ਮੰਤਰੀ ਦੇ ਦਫਤਰ ਦੇ ਬਿਆਨ ਅਨੁਸਾਰ ਭਾਰਤ ਨੇ ਫਰਵਰੀ 2021 ਵਿਚ ਕੋਵਿਡ ਮਹਾਮਾਰੀ ਦੌਰਾਨ ਡੋਮਿਨਿਕਾ ਨੂੰ

ASTRA ZENECA COVID – 19 ਵੈਕਸੀਨ ਦੀਆਂ 70 ਹਜ਼ਾਰ ਖੁਰਾਕਾਂ ਦੀ ਸਪਲਾਈ ਕੀਤੀ ਸੀ. ਇਹ award ਸਿਹਤ ਸੰਭਾਲ ਸਿਖਿਆ ਅਤੇ ਸੂਚਨਾ ਤਕਨਾਲੋਜੀ ਵਿਚ ਡੋਮਿਨਿਕਾ ਲਈ ਭਾਰਤ ਦੀ ਹਮਾਇਤ ਨੂੰ ਵੀ ਮਾਨਤਾ ਦਿੰਦਾ ਏ . ਇਸ award ਨੂੰ ਸਵੀਕਾਰ ਕਰਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ

ਜਲਵਾਯੂ ਤਬਾਦਲੇ ਅਤੇ ਭੂ –ਰਾਜਨੀਤਕ ਸੰਘਰਸ਼ਾਂ ਵਰਗੀਆਂ ਆਲਮੀ ਚੁਣੌਤੀਆਂ ਨਾਲ ਨਜਿਠਣ ਲਈ ਸਹਿਯੋਗ ਦੀ ਅਹਿਮੀਅਤ ‘ਤੇ ਜ਼ੋਰ ਦਿੱਤਾ. ਓਹਨਾਂ ਇਹਨਾਂ ਮੁਦਿਆਂ ਨੂੰ ਹਲ ਕਰਣ ਲਈ ਡੋਮਿਨਿਕਾ ਅਤੇ ਕੈਰੇਬੀਅਨ ਨਾਲ ਕੰਮ ਕਰਨ ਲਈ ਭਾਰਤ ਦੀ ਵਚਨਬ੍ਧਤਾ ਦੀ ਪੁਸ਼ਟੀ ਕੀਤੀ .

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਰਾਤੀਂ 8 ਵਜੇ 'ਜਨਜਾਤੀਅ ਗੌਰਵ ਦਿਵਸ' ਤੋਂ ਪਹਿਲਾਂ ਦੀ ਸ਼ਾਮ ਰਾਸ਼ਟਰ ਨੂੰ ਸੰਦੇਸ਼ ਦੇਣਗੇ। ਆਕਾਸ਼ਵਾਣੀ ਵੱਲੋਂ, ਦਿੱਲੀ ਆਪਣੇ ਇੰਦਰਪ੍ਰਸਥ, ਆਕਾਸ਼ਵਾਣੀ ਲਾਈਵ ਨਿਊਜ਼ 24x7, FM ਗੋਲਡ, ਅਤੇ FM ਰੇਨਬੋ ਚੈਨਲਾਂ 'ਤੇ ਰਾਸ਼ਟਰਪਤੀ ਮੁਰਮੂ ਦੇ ਸੰਦੇਸ਼ ਨੂੰ ਪ੍ਰਸਾਰਿਤ ਕੀਤਾ ਜਾਏਗਾ. ਭਗਵਾਨ ਬਿਰਸਾ ਮੁੰਡਾ ਦੇ ਜਨਮ ਦਿਨ ਦੀ ਯਾਦ ਵਿੱਚ ਭਲਕੇ ਜਨਜਾਤੀ ਗੌਰਵ ਦਿਵਸ ਮਨਾਇਆ

ਜਾਵੇਗਾ। ਇਹ ਦਿਨ ਦੇਸ਼ ਦੇ ਇਤਿਹਾਸ ਅਤੇ ਸੱਭਿਆਚਾਰ ਵਿੱਚ ਕਬਾਇਲੀ ਭਾਈਚਾਰਿਆਂ ਦੇ ਯੋਗਦਾਨ ਦਾ ਸਨਮਾਨ ਕਰਦਾ ਏ । ਰਾਸ਼ਟਰਪਤੀ ਦਾ ਸੰਦੇਸ਼ ਭਲਕੇ ਸਾਰੇ ਪ੍ਰਾਇਮਰੀ ਚੈਨਲਾਂ, ਸਥਾਨਕ ਰੇਡੀਓ ਸਟੇਸ਼ਨਾਂ ਅਤੇ ਆਕਾਸ਼ਵਾਣੀ ਦੇ FM ਗੋਲਡ ਅਤੇ FM ਰੇਨਬੋ ਨੈਟਵਰਕ ਦੇ ਸਾਰੇ ਚੈਨਲਾਂ 'ਤੇ ਸਵੇਰੇ 8 ਵਜ ਕੇ 45 ਮਿੰਟ ਅਤੇ ਸ਼ਾਮ ਸਾਢੇ 5 ਵਜੇ ਦੁਬਾਰਾ ਪ੍ਰਸਾਰਿਤ ਕੀਤਾ ਜਾਵੇਗਾ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਬਿਹਾਰ ਦੇ ਜਮੁਈ ਵਿਖੇ ਕਬਾਇਲੀ ਮਾਮਲਿਆਂ ਦੇ ਮੰਤਰਾਲੇ ਵੱਲੋਂ ਕਰਾਏ ਜਾ ਰਹੇ 'ਜਨਜਾਤੀ ਗੌਰਵ ਦਿਵਸ' ਦੇ ਸਮਾਗਮ ਦੀ ਸ਼ਿਰਕਤ ਕਰਨਗੇ। ਆਕਾਸ਼ਵਾਣੀ, ਦਿੱਲੀ ਆਪਣੇ ਐਫਐਮ ਗੋਲਡ ਅਤੇ ਇੰਦਰਪ੍ਰਸਥ ਅਤੇ ਆਕਾਸ਼ਵਾਣੀ ਲਾਈਵ ਨਿਊਜ਼ 24x7 ਚੈਨਲਾਂ 'ਤੇ ਸਵੇਰੇ ਸਾਢੇ 11 ਵਜੇ ਤੋਂ ਇਸ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਕਰੇਗਾ।

-------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਪੰਜਾਬ ਵਿਧਾਨ ਸਭਾ ਦੀਆਂ ਚਾਰ ਸੀਟਾਂ ਡੇਰਾ ਬਾਬਾ ਨਾਨਕ, ਚੱਬੇਵਾਲ (ਐਸ.ਸੀ), ਗਿੱਦੜਬਾਹਾ ਅਤੇ ਬਰਨਾਲਾ ਦੀ ਜ਼ਿਮਨੀ ਚੋਣ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅੱਜ ਗੁਰਦਾਸਪੁਰ, ਹੁਸ਼ਿਆਰਪੁਰ, ਸ੍ਰੀ ਮੁਕਤਸਰ ਸਾਹਿਬ ਅਤੇ ਬਰਨਾਲਾ ਦੇ

ਡਿਪਟੀ ਕਮਿਸ਼ਨਰਾਂ-ਤੇ -ਜ਼ਿਲ੍ਹਾ ਚੋਣ ਅਧਿਕਾਰੀਆਂ ਅਤੇ SSPs ਨਾਲ ਵੀਡੀਓ ਕਾਨਫਰਸਿੰਗ ਰਾਹੀਂ ਮੀਟਿੰਗ ਕੀਤੀ। ਮੀਟਿੰਗ ਦੌਰਾਨ ਸਿਬਿਨ ਸੀ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਸ਼ੀਲੇ ਪਦਾਰਥ, ਸ਼ਰਾਬ, ਨਕਦੀ ਅਤੇ ਹੋਰ ਸਮਾਨ ਦੀ

ਗੈਰ-ਕਾਨੂੰਨੀ ਤਸਕਰੀ ਉੱਤੇ ਕਾਬੂ ਪਾਉਣ ਲਈ ਨਿਗਰਾਨੀ ਹੋਰ ਵਧਾਈ ਜਾਵੇ ਅਤੇ ਜੇਕਰ ਚੋਣਾਂ ਦੌਰਾਨ ਜੇਕਰ ਵੋਟਰਾਂ ਨੂੰ ਭਰਮਾਉਣ ਲਈ ਨਕਦੀ ਅਤੇ ਸਮਾਨ ਵੰਡਣ ਦੀ ਸ਼ਿਕਾਇਤ ਮਿਲਦੀ ਏ ਤਾਂ ਇਸ ਉੱਤੇ ਸਖਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਆਜ਼ਾਦ ਅਤੇ ਨਿਰਪੱਖ ਚੋਣਾਂ ਯਕੀਨੀ ਬਣਾਉਣ ਲਈ ਵੋਟਾਂ ਤੋਂ ਪਹਿਲਾਂ ਦੇ 48 ਘੰਟਿਆਂ ਤੋਂ ਲੈ ਕੇ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਚੌਕਸੀ ਹੋਰ ਵਧਾਉਣ, ਨਾਕਿਆਂ ਉੱਤੇ ਸਖਤੀ ਕਰਨ ਅਤੇ ਹਲਕਿਆਂ ਤੋਂ ਬਾਹਰਲੇ ਲੋਕਾਂ ਦੀ ਆਵਾਜਾਈ ਉੱਤੇ ਤਿੱਖੀ ਨਜ਼ਰ ਰੱਖਣ ਦੇ ਆਦੇਸ਼ ਦਿੱਤੇ। ਮੁੱਖ ਚੋਣ ਅਧਿਕਾਰੀ ਨੇ ਜ਼ਿਲ੍ਹਾ ਚੋਣਅਧਿਕਾਰੀਆਂ ਨੂੰ ਰੀਅਲ-ਟਾਈਮ ਨਿਗਰਾਨੀ ਲਈ ਵੋਟ ਕੇਂਦਰਾਂ ਦੀ 100 ਫੀਸਦ ਲਾਈਵ ਵੈਬਕਾਸਟਿੰਗ ਯਕੀਨੀ ਬਣਾਉਣ ਅਤੇ ਵੋਟਾਂ ਦੀ ਗਿਣਤੀ ਵਾਲੇ = ਹਾਲਾਂ ਵਿੱਚ ਢੁਕਵੇਂ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ। ਸਿਬਿਨ ਸੀ ਨੇ ਚੋਣ ਅਮਲੇ ਦੀ ਸਹੂਲਤ ਲਈ ਵੋਟ ਕੇਂਦਰਾਂ 'ਤੇ ਖਾਣ-ਪੀਣ ਅਤੇ ਰਿਹਾਇਸ਼ ਦੇ ਢੁਕਵੇਂ ਪ੍ਰਬੰਧ ਕਰਨ ਅਤੇ ਵੱਧ ਰਹੀ ਠੰਢ ਤੋਂ ਬਚਾਉਣ ਲਈ ਕੀਤੇ ਗਏ ਲੋੜੀਂਦੇ ਉਪਾਅ ਦੀ ਸਮੀਖਿਆ ਵੀ ਕੀਤੀ।

ਇਸ ਤੋਂ ਇਲਾਵਾ ਉਨ੍ਹਾਂ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਵੋਟ ਕੇਂਦਰਾਂ 'ਤੇ ਵੋਟਰਾਂ ਲਈ ਪੀਣ ਵਾਲੇ ਪਾਣੀ, ਵੇਟਿੰਗ ਏਰੀਆ, ਸਾਫ਼ ਸੁਥਰੇ ਪਖਾਨਿਆਂ ਅਤੇ ਹੋਰ ਸਹੂਲਤਾਂ ਦਾ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਲਈ ਵੀ ਕਿਹਾ।

ਡਿਪਟੀ ਕਮਿਸ਼ਨਰ-ਤੇ-ਜ਼ਿਲ੍ਹਾ ਚੋਣ ਅਧਿਕਾਰੀਆਂ ਅਤੇ SSPs ਨੇ ਮੁੱਖ ਚੋਣ ਅਧਿਕਾਰੀ ਨੂੰ ਭਰੋਸਾ ਦਿੱਤਾ ਕਿ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਨੇ ਅਤੇ ਸ਼ਾਂਤੀਪੂਰਨ ਤੇ ਨਿਰਪੱਖ ਚੋਣਾਂ ਯਕੀਨੀ ਬਣਾਈਆਂ ਜਾਣਗੀਆਂ। ਮੀਟਿੰਗ ਦੌਰਾਨ ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਅਤੇ ਏਡੀ-ਜੀਪੀ-ਤੇ –ਰਾਜ ਪੁਲਿਸ ਨੋਡਲ ਅਫ਼ਸਰ ਐਮ.ਐਫ. ਫਾਰੂਕੀ ਨੇ ਵੀ ਜ਼ਿਲ੍ਹਾ ਅਧਿਕਾਰੀਆਂ ਨੂੰ ਸੰਬੋਧਨ ਕੀਤਾ ਅਤੇ ਜ਼ਰੂਰੀ ਦਿਸ਼ਾ ਨਿਰਦੇਸ਼ ਜਾਰੀ ਕੀਤੇ।

-----------------------------------------------------

ਵਿਧਾਨ ਸਭਾ ਹਲਕਿਆਂ ‘ਚ ਜ਼ਿਮਨੀ ਚੋਣਾਂ ਦੇ ਸੰਬੰਧ ‘ਚ ਡੇਰਾ ਬਾਬਾ ਨਾਨਕ, ਚੱਬੇਵਾਲ, ਗਿਦੜਬਾਹਾ ਅਤੇ ਬਰਨਾਲਾ ਵਿਖੇ 20 ਨਵੰਬਰ ਨੂੰ ਜ਼ਿਮਨੀ ਚੋਣਾਂ ਲਈ ਵੋਟਾਂ ਪੈਣੀਆਂ ਨੇ. ਇਹਨਾਂ ਚੋਣਾਂ ਦੇ ਮੱਦੇਨਜ਼ਰ ਜ਼ਿਲਾ ਗੁਰਦਾਸਪੁਰ, ਹੁਸ਼ਿਆਰਪੁਰ, ਸ਼੍ਰੀ ਮੁਕਤਸਰ ਸਾਹਿਬ ਅਤੇ ਬਰਨਾਲਾ ‘ਚ ਸਥਿਤ ਸਰਕਾਰੀ ਦਫਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ

ਵਿਦਿਅਕ ਅਦਾਰਿਆਂ ਲਈ 20 ਨਵੰਬਰ ਦੀ ਸਥਾਨਕ ਛੁੱਟੀ ਦਾ ਐਲਾਨ ਕਰ ਦਿੱਤਾ ਗਿਆ ਏ. ਪੰਜਾਬ ਸਰਕਾਰ ਦੇ ਬੁਲਾਰੇ ਵੱਲੋਂ ਦੱਸਿਆ ਗਿਆ ਏ

ਕਿ ਜੇਕਰ ਕੋਈ ਸਰਕਾਰੀ ਅਧਿਕਾਰੀ ਜਾਂ ਮੁਲਾਜ਼ਮ, ਇਹਨਾਂ ਵਿਧਾਨ ਸਭਾ ਹਲਕਿਆਂ ਲਈ ਵਰਤੀ ਜਾਣ ਵਾਲੀ ਵੋਟਰ ਸੂਚੀ ਦਾ ਵੋਟਰ ਏ ਅਤੇ ਪੰਜਾਬ ਦੇ ਸਰਕਾਰੀ ਦਫਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਵਿਦਿਅਕ ਅਦਾਰਿਆਂ ਵਿਚ ਕੰਮ ਕਰਦਾ ਏ ਤਾਂ ਓਹ ਵੋਟ ਪਾਉਣ ਲਈ ਆਪਣਾ ਵੋਟਰ ਕਾਰਡ ਪੇਸ਼ ਕਰਕੇ ਸੰਬੰਧਤ ਅਥਾਰਟੀ ਤੋਂ 20 ਨਵੰਬਰ ਦੀ ਵਿਸ਼ੇਸ਼ ਛੁੱਟੀ ਲੈ ਸਕਦਾ ਏ. ਇਹ ਛੁਟੀ ਉਸ ਅਧਿਕਾਰੀ ਜਾਂ ਮੁਲਾਜਮ ਦੇ ਖਾਤੇ ਚੋਂ ਨਹੀਂ ਕੱਟੀ ਜਾਏਗੀ.     ਇਹਨਾਂ ਹਲਕਿਆਂ ਦੇ ਵੋਟਰ, ਜੋ ਕਿਸੇ ਵਪਾਰਕ ਜਾਂ ਸਨਅਤੀ ਅਦਾਰੇ ਜਾਂ ਕਿਸੇ ਹੋਰ ਥਾਂ ਨੌਕਰੀ ਕਰਦੇ ਨੇ, ਓਹਨਾਂ ਨੂੰ ਤਨਖਾਹ ਸਮੇਤ ਇਹ ਛੁੱਟੀ ਦਿੱਤੀ ਜਾਏਗੀ.

---------------------------------------------------------------

ਹਵਾ ਦੀ ਗੁਣਵਤਾ ਦੇ ਪ੍ਰਬੰਧ ਬਾਰੇ ਕਮਿਸ਼ਨ ਦੇ CHAIRMAN, ਰਾਜੇਸ਼ ਵਰਮਾ ਨੇ ਪੰਜਾਬ ਦੇ ਸੰਬੰਧਿਤ ਅਧਿਕਾਰੀਆਂ ਉਨ ਸੂਬੇ ‘ਚ ਪਰਾਲੀ ਸਾੜ੍ਹਨ ਤੋਂ ਰੋਕਣ ਦੇ ਯਤਨ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਨੇ. ਸ਼੍ਰੀ

ਵਰਮਾ ਨੇ ਪਿਛਲੇ ਸਾਲ ਦੇ ਮੁਕਾਬਲੇ ਪਰਾਲੀ ਸਾੜ੍ਹਨ ਦੀਆਂ ਘਟਨਾਵਾਂ ‘ਚ ਕਰੀਬ 71 ਫੀਸਦੀ ਕਮੀ ਲਿਆਉਣ ਲਈ ਸੂਬਾ ਸਰਕਾਰ ਵੱਲੋਂ ਕੀਤੇ ਯਤਨਾ ਦੀ ਸ਼ਲਾਘਾ ਵੀ ਕੀਤੀ. ਪੰਜਾਬ ਦੇ ਮੁਖ ਸਕੱਤਰ KAP ਸਿਨ੍ਹਾ ਅਤੇ ਸੀਨੀਅਰ ਅਧਿਕਾਰੀਆਂ ਨਾਲ ਪਰਾਲੀ ਦੇ ਨਿਪਟਰੇ ਬਾਰੇ ਇੱਕ ਸਮੀਖਿਆ ਮੀਟਿੰਗ ਵਿਚ ਸ੍ਰੀ ਵਰਮਾ ਨੇ ਅਧਿਕਾਰੀਆਂ ਨੂੰ ਕਿਹਾ ਕਿ ਓਹ 30 ਨਵੰਬਰ, ਜਦੋਂ ਕਿ ਪਰਾਲੀ ਸਾੜ੍ਹਨ ਦੀਆਂ ਘਟਨਾਵਾਂ ਸਿਖਰ ‘ਤੇ ਹੁੰਦੀਆਂ ਨੇ, ਤਕ, ਖੇਤਾਂ ਵਿਚ ਅੱਗ ਲਾਉਣ ਨੂੰ ਕਾਬੂ ਕਰਣ ਲਈ ਸਰਗਰਮ ਕਦਮ ਚੁੱਕਣ . ਇੱਕ ਰਿਪੋਰਟ DESPATCH –

-----------------------------------------------------

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰ-ਸਟ ਨੇ ਦੱਸਿਆ ਏ ਕਿ ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਆਮਦ ਤੇ ਖਰੀਦ ਦਾ ਕਾਰਜ਼ ਨਿਰਵਿਘਨ ਚੱਲ ਰਿਹਾ ਏ ਅਤੇ ਚੁਕਾਈ ਵੀ ਤੇਜੀ ਨਾਲ ਜਾਰੀ ਏ । ਉਨ੍ਹਾਂ ਦੱਸਿਆ ਕਿ ਸੂਬੇ ਦੀਆਂ ਮੰਡੀਆਂ ਵਿੱਚ ਹੁਣ ਤੱਕ 151.71 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਏ ਅਤੇ 146.80 ਲੱਖ ਮੀਟ੍ਰਿਕ ਟਨ ਦੀ ਖਰੀਦ ਵੀ ਹੋ ਚੁੱਕੀ ਏ . ਇਸ ਵਿੱਚੋਂ ਸਰਕਾਰੀ ਏਜੰਸੀਆਂ ਵੱਲੋਂ 146.44 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਏ । ਹੁਣ ਤੱਕ ਮੰਡੀਆਂ ਵਿੱਚੋਂ 108.15 ਲੱਖ

ਮੀਟ੍ਰਿਕ ਟਨ ਝੋਨੇ ਦੀ ਚੁਕਾਈ ਹੋ ਚੁੱਕੀ ਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੇ ਪੰਜਾਬ ਮੰਡੀ ਬੋਰਡ ਵੱਲੋਂ ਮੰਡੀਆਂ ਵਿੱਚ ਖਰੀਦ ਕਾਰਜਾਂ ਨੂੰ ਚੰਗੇ ਢੰਗ ਨਾਲ ਨੇਪਰੇ ਚਾੜ੍ਹਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਨੇ, ਤਾਂ ਜੋ ਮੰਡੀਆਂ ਵਿੱਚ ਆਪਣੀ ਫ਼ਸਲ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਕਿਸਾਨਾਂ ਨੂੰ ਫਸਲ ਦੀ ਅਦਾਇਗੀ ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾ ਰਹੀ ਏ।

--------------------------------------------------------

ਸਿਖ ਧਰਮ ਦੇ ਬਾਨੀ, ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ ਸਭਾ-ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਸਜਾਏ ਗਏ ਨਗਰ ਕੀਰਤਨ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ, ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ

ਸਾਹਿਬ ਜੀ ਦਾ ਪਾਵਨ ਸਰੂਪ ਸਿੰਘ ਸਾਹਿਬ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੁਨਹਿਰੀ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਨਗਰ ਕੀਰਤਨ ਦੌਰਾਨ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕਰਦਿਆਂ ਸ਼ਰਧਾ ਦਾ ਪ੍ਰਗਟਾਵਾ ਕੀਤਾ ਅਤੇ ਸਕੂਲੀ ਬੱਚਿਆਂ, ਬੈਂਡ ਪਾਰਟੀਆਂ, ਸ਼ਬਦ ਚੌਂਕੀ ਜਥੇ ਤੇ ਗਤਕਾ ਪਾਰਟੀਆਂ ਨੇ ਪੂਰੇ ਉਤਸ਼ਾਹ ਨਾਲ ਨਗਰ ਕੀਰਤਨ ਵਿਚ ਸ਼ਮੂਲੀਅਤ ਕੀਤੀ।

ਸ਼ਹਿਰ ਦੇ ਵੱਖ ਵੱਖ ਬਜਾਰਾਂ ਵਿਚੋਂ ਹੁੰਦਾ ਹੋਇਆ ਇਹ ਅਲੋਕਿਕ ਨਗਰ ਕੀਰਤਨ ਦੇਰ ਸ਼ਾਮ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੁੱਜ ਕੇ ਸੰਪੂਰਨ ਹੋਇਆ। ਭਲਕੇ, ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ, ਸੰਗਤਾਂ ਦੇ ਦਰਸ਼ਨਾਂ ਲਈ, ਸਵੇਰੇ 9 ਵਜੇ ਤੋਂ ਦੁਪਹਿਰ 12 ਵਜੇ ਤਕ ਸ੍ਰੀ ਹਰਿਮੰਦਿਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਅਤੇ ਗੁਰੂਦੁਆਰਾ ਬਾਬਾ ਅਟੱਲ ਰਾਏ ਵਿਖੇ ਗੁਰੂ ਸਾਹਿਬਾਨ ਨਾਲ ਸਬੰਧਿਤ ਇਤਿਹਾਸਿਕ ਵਸਤਾਂ ਦੇ ਪਵਿੱਤਰ ਜਲੌਅ ਸਜਾਏ ਜਾਣਗੇ। ਇਸ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ।

ਸ਼ਾਮ ਨੂੰ ਰਹਿਰਾਸ ਦੇ ਪਾਠ ਤੋਂ ਬਾਅਦ ਦੀਪਮਾਲਾ ਤੇ ਪ੍ਰਦੂਸ਼ਣ ਮੁਕਤ ਆਤਿਸ਼ਬਾਜੀ ਕੀਤੀ ਜਾਵੇਗੀ।ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਦੇਸ਼ ਵਾਸੀਆਂ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ ਨੇ.

---------------------------------------------------

ਇਸ ਦੌਰਾਨ ਪਹਿਲੇ ਪਾਤਸ਼ਾਹ ਸ਼੍ਰੀ ਗੁਰੂ  ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ਼ਿਰੋਮਣੀ ਗੁਰਦਵਾਰਾ ਈ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਿੱਖ ਜਗਤ ਨੂੰ ਵਧਾਈ ਦਿੱਤੀ ਏ. ਆਪਣੇ ਵਧਾਈ ਸੁਨੇਹੇ'ਚ ਓਹਨਾਂ ਨੇ ਸਾਰਿਆਂ ਨੂੰ ਗੁਰੂ ਸਾਹਿਬ ਵੱਲੋਂ ਬਖ਼ਸ਼ਿਸ਼ ਕੀਤੇ ਉਪਦੇਸ਼ਾਂ'ਤੇ ਚੱਲਣ ਲਈ ਕਿਹਾ। ਓਹਨਾਂ ਕਿਹਾ ਕਿ ਸੰਸਾਰ ਦੇ ਸਰਬਸਾਂਝੇ-ਰਹਿਬਰ, ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪਵਿੱਤਰ ਜੀਵਨ ਮਾਨਵਤਾ ਲਈ ਕਲਿਆਣਕਾਰੀ ਏ। ਗੁਰੂ ਸਾਹਿਬ ਨੇ ਮਨੁੱਖਤਾ ਨੂੰ ਬਰਾਬਰੀ ਅਤੇ ਸਾਂਝੀਵਾਲਤਾ ਦਾ ਉਪਦੇਸ਼ ਦਿੰਦਿਆਂ ਜਾਤ-ਪਾਤ ਦੀ ਵਲਗਣ ਵਿੱਚੋਂ ਕੱਢਿਆ ਅਤੇ ਦੱਬੀ ਕੁਚਲੀ, ਲਤਾੜੀ ਤੇ ਦਬਾਈ ਜਾ ਰਹੀ ਲੋਕਾਈ ਵਾਸਤੇ ਆਸ ਅਤੇ ਧਰਵਾਸ ਬਣੇ। ਉਨ੍ਹਾਂ ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ ਦੇ ਉਪਦੇਸ਼ ਨਾਲ ਦੁਨੀਆਂ ਦੇ ਧਰਮ-ਇਤਿਹਾਸ ਅੰਦਰ, ਵਿਲੱਖਣ ਮਾਰਗ ਨਿਰਧਾਰਤ ਕੀਤਾ।

---------------------------------------------------

ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਲਈ ਰਵਾਨਾ ਕੀਤਾ

ਗਿਆ। ਜਥੇ ਦੀ ਅਗਵਾਈ ਸ਼੍ਰੋਮਣੀ ਕਮੇਟੀ ਦੇ ਮੈਂਬਰ ਗੁਰਨਾਮ ਸਿੰਘ ਜੱਸਲ ਕਰ ਰਹੇ ਨੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਦੀ ਹਰ ਸਿੱਖ ਦੇ ਮਨ ਵਿਚ ਤਾਂਘਏ ਅਤੇ ਸਿੱਖ ਸ਼ਰਧਾਲੂਆਂ ਨੂੰ ਖੁਲ੍ਹਦਿਲੀ ਨਾਲ ਵੀਜ਼ੇ ਮਿਲਣੇ ਚਾਹੀਦੇ ਨੇ। ਇਸ ਵਾਰ ਸ਼੍ਰੋਮਣੀ ਕਮੇਟੀ ਵੱਲੋਂ ਭੇਜੇ 2244 ਸ਼ਰਧਾਲੂਆਂ ਵਿੱਚੋਂ 1481 ਸ਼ਰਧਾਲੂਆਂ ਨੂੰ ਪਾਕਿਸਤਾਨ ਹਾਈ ਕਮਿਸ਼ਨ ਵੱਲੋਂ ਵੀਜ਼ਾ ਨਹੀਂ ਦਿੱਤਾ ਗਿਆ।

---

- ਡੋਮਿਨਿਕ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਆਪਣਾ ਸਰ੍ਬੁਚ ਰਾਸ਼ਟਰੀ ਸਨਮਾਨ ਪ੍ਰਦਾਨ ਕਰਣ ਦਾ ਕੀਤਾ ਐਲਾਨ.
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਪੰਜਾਬ ਵਿਧਾਨ ਸਭਾ ਦੀਆਂ ਚਾਰ ਸੀਟਾਂ ਦੀ ਜ਼ਿਮਨੀ ਚੋਣ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅੱਜ ਕੁਝ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ-ਤੇ ਹੋਰ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ।
- ਹਵਾ ਦੀ ਗੁਣਵਤਾ ਦੇ ਪ੍ਰਬੰਧ ਬਾਰੇ ਕਮਿਸ਼ਨ ਦੇ CHAIRMAN, ਰਾਜੇਸ਼ ਵਰਮਾ ਨੇ ਪੰਜਾਬ ਦੇ ਸੰਬੰਧਿਤ ਅਧਿਕਾਰੀਆਂ ਨੂੰ ਸੂਬੇ ‘ਚ

ਪਰਾਲੀ ਸਾੜ੍ਹਨ ਤੋਂ ਰੋਕਣ ਦੇ ਯਤਨ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਨੇ.

- ਪੰਜਾਬ ਦੀਆਂ ਮੰਡੀਆਂ ਵਿੱਚੋਂ 74 ਫੀਸਦੀ ਝੋਨੇ ਦੀ ਹੋਈ ਲਿਫਟਿੰਗ. ਸਰਕਾਰੀ ਏਜੰਸੀਆਂ ਵੱਲੋਂ 146 ਲੱਖ ਮੀਟ੍ਰਿਕ ਟਨ ਤੋਂ ਵਧ ਝੋਨੇ ਦੀ ਖਰੀਦ ਕੀਤੀ ਗਈ ਏ।
- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਸੰਬੰਧ ‘ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਨਨਕਾਣਾ ਸਾਹਿਬ ਵਿਖੇ ਪ੍ਰਕਾਸ਼ ਗੁਰਪੁਰਬ ਮਨਾਉਣ ਲਈ ਸ਼ਰਧਾਲੂਆਂ ਦਾ ਜਥਾ ਰਵਾਨਾ.